# ਪ੍ਰਧਾਨ ਮੰਤਰੀ ਨੇ ਰੂਸੀ ਸੰਘ ਦੇ ਰਾਸ਼ਟਰਪਤੀ ਨਾਲ ਗੱਲਬਾਤ ਕੀਤੀ

28 ਅਗਸਤ, 2023

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਰਸ਼ੀਅਨ ਫੈਡਰੇਸ਼ਨ ਦੇ ਰਾਸ਼ਟਰਪਤੀ ਮਿਸਟਰ ਵਲਾਦੀਮੀਰ ਪੁਤਿਨ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਵਾਂ ਨੇਤਾਵਾਂ ਨੇ ਦੁਵੱਲੇ ਸਹਿਯੋਗ ਦੇ ਕਈ ਮੁੱਦਿਆਂ 'ਤੇ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਜੋਹਾਨਸਬਰਗ ਵਿੱਚ ਹਾਲ ਹੀ ਵਿੱਚ ਸਮਾਪਤ ਹੋਏ ਬ੍ਰਿਕਸ ਸੰਮੇਲਨ ਸਮੇਤ ਆਪਸੀ ਹਿਤਾਂ ਦੇ ਖੇਤਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

ਰਾਸ਼ਟਰਪਤੀ ਪੁਤਿਨ ਨੇ 9-10 ਸਤੰਬਰ 2023 ਨੂੰ ਨਵੀਂ ਦਿੱਲੀ ਵਿੱਚ ਹੋਣ ਵਾਲੇ ਜੀ-20 ਸਿਖਰ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਆਪਣੀ ਅਸਮਰੱਥਾ ਦਰਸਾਈ ਅਤੇ ਦੱਸਿਆ ਕਿ ਰੂਸ ਦੀ ਨੁਮਾਇੰਦਗੀ ਰੂਸੀ ਸੰਘ ਦੇ ਵਿਦੇਸ਼ ਮੰਤਰੀ ਮਾਣਯੋਗ ਮਿਸਟਰ ਸਰਗੇਈ ਲਾਵਰੋਵ ਦੁਆਰਾ ਹੋਵੇਗੀ।

ਰੂਸ ਦੇ ਫੈਸਲੇ ਪ੍ਰਤੀ ਸਮਝ ਜ਼ਾਹਰ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਭਾਰਤ ਦੀ ਜੀ-20 ਪ੍ਰਧਾਨਗੀ ਅਧੀਨ ਸਾਰੀਆਂ ਪਹਿਲਕਦਮੀਆਂ ਲਈ ਰੂਸ ਦੇ ਨਿਰੰਤਰ ਸਮਰਥਨ ਲਈ ਰਾਸ਼ਟਰਪਤੀ ਪੁਤਿਨ ਦਾ ਧੰਨਵਾਦ ਕੀਤਾ।

ਦੋਵੇਂ ਨੇਤਾ ਸੰਪਰਕ ਵਿੱਚ ਰਹਿਣ ਲਈ ਸਹਿਮਤ ਹੋਏ।

**ਨਵੀਂ ਦਿੱਲੀ**
**28 ਅਗਸਤ, 2023**